# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :18-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ ਵਿਕਸਿਤ ਭਾਰਤ ਰੁਜ਼ਗਾਰ ਯੋਜਨਾ (PM-VBRY) ਅਧੀਨ ਕਰੀਬ 2 ਹਜ਼ਾਰ 400 ਕਰੋੜ ਰੁਪਏ ਦੇ ਲਾਭ ਵੰਡਣਗੇ। ਪੰਜਾਬ ਵਿੱਚ, ਇਹ ਪ੍ਰੋਗਰਾਮ 6 ਥਾਵਾਂ 'ਤੇ ਕਰਾਇਆ ਜਾਵੇਗਾ।

- ਕੇਂਦਰ ਸਰਕਾਰ ਵਲੋਂ ਇਤਿਹਾਸਕ ਕਾਦੀਆਂ–ਬਿਆਸ ਰੇਲ ਪ੍ਰੋਜੈਕਟ ਨੂੰ ਮੁੜ੍ਹ ਜੀਵੰਤ ਕੀਤਾ ਗਿਆ. ਕਰੀਬ 1 ਹਜ਼ਾਰ 400 ਕਰੋੜ ਰੁਪਏ ਨਾਲ 39.68 ਕਿਲੋਮੀਟਰ ਲੰਮੀ ਬ੍ਰਾਡ ਗੇਜ ਰੇਲ ਲਾਈਨ ਬਣਾਈ ਜਾਏਗੀ.

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਅੰਤਰਰਾਸ਼ਟਰੀ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ 8 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ.

- ਅੱਜ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦਾ 420ਵਾਂ ਸ਼ਹੀਦੀ ਦਿਹਾੜਾ ਪੂਰੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ.

- ਔਰਤਾਂ ਦੇ FIH Nations ਕੱਪ ਹਾਕੀ ਵਿੱਚ, ਭਾਰਤ ਨੇ ਉਰੂਗਵੇ ਨੂੰ 3-2 ਨਾਲ ਹਰਾਇਆ.

## ਹੁਣ ਖ਼ਬਰਾਂ ਵਿਸਥਾਰ ਨਾਲ |

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 19 ਜੂਨ ਨੂੰ ਵਿਗਿਆਨ ਭਵਨ, ਨਵੀਂ ਦਿੱਲੀ ਵਿਖੇ ਹੋਣ ਵਾਲੇ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ ਵਿਕਸਿਤ ਭਾਰਤ ਰੁਜ਼ਗਾਰ ਯੋਜਨਾ (PM-VBRY) ਅਧੀਨ ਸਿਧੇ ਲਾਭ ਤਬਾਦਲੇ ਰਾਹੀਂ ਕਰੀਬ  2 ਹਜ਼ਾਰ 400 ਕਰੋੜ ਰੁਪਏ ਦੇ ਲਾਭ ਵੰਡਣਗੇ। ਇਹ ਪ੍ਰੋਗਰਾਮ ਭਾਰਤ ਭਰ ਦੇ ਸਾਰੇ 200 ਸਥਾਨਾਂ 'ਤੇ ਸਿੱਧਾ ਪ੍ਰਸਾਰਿਤ ਕੀਤਾ ਜਾਵੇਗਾ ਜਿੱਥੇ ਲਾਭ ਦੀ ਵੰਡ ਵੀ ਹੋਵੇਗੀ |

ਪੰਜਾਬ ਵਿੱਚ, ਇਹ ਪ੍ਰੋਗਰਾਮ ਪਟਿਆਲਾ, ਸੰਗਰੂਰ, ਲੁਧਿਆਣਾ, EPFO ਜਲੰਧਰ, ਅੰਮ੍ਰਿਤਸਰ ਅਤੇ ਬਟਾਲਾ ਈਪੀਐਫਓ ਦਫ਼ਤਰਾਂ ਸਮੇਤ 6 ਥਾਵਾਂ 'ਤੇ ਕਰਾਇਆ ਜਾਵੇਗਾ। ਇਸ ਮੌਕੇ ਦੋ ਵੱਖ-ਵੱਖ ਸ਼੍ਰੇਣੀਆਂ ਅਧੀਨ 16  ਹਜ਼ਾਰ 417 ਮੁਲਾਜ਼ਮਾਂ ਅਤੇ 1 ਹਜ਼ਾਰ 256 ਮਾਲਕਾਂ ਵਿੱਚ ਕਰੀਬ 9 ਕਰੋੜ ਰੁਪਏ ਤੋਂ ਵੱਧ ਦੀ ਰਕਮ ਵੰਡੀ ਜਾਵੇਗੀ। ਇਹ ਵੰਡ EPRO ਚੰਡੀਗੜ੍ਹ ਈਪੀਐਫਓ ਦਫ਼ਤਰ ਵਿਖੇ ਵੀ ਕੀਤੀ ਜਾਵੇਗੀ। ਇਹ ਵੰਡ ਇਸ ਯੋਜਨਾ ਨੂੰ ਲਾਗੂ ਕਰਨ ਵਿੱਚ ਮੀਲ ਪੱਥਰ ਏ ਜੋ ਕਿ ਭਾਰਤ ਸਰਕਾਰ ਦੀ ਰੁਜ਼ਗਾਰ ਨੂੰ ਹੁਲਾਰਾ ਦੇਣ ਸੰਬੰਧੀ ਪ੍ਰਮੁੱਖ ਯੋਜਨਾ ਏ ਜਿਸਦਾ ਉਦੇਸ਼ ਨੌਕਰੀਆਂ ਦੀ ਸਿਰਜਣਾ ਨੂੰ ਤੇਜ਼ ਕਰਨਾ,ਬਕਾਇਦਾ ਰੁਜ਼ਗਾਰ ਨੂੰ ਉਤਸ਼ਾਹਿਤ ਕਰਨਾ, ਰੁਜ਼ਗਾਰਯੋਗਤਾ ਨੂੰ ਵਧਾਉਣਾ ਅਤੇ ਵੱਖ-ਵੱਖ ਖੇਤਰਾਂ ਵਿੱਚ ਸਮਾਜਿਕ ਸੁਰੱਖਿਆ ਕਵਰੇਜ ਦਾ ਪਸਾਰ ਕਰਨਾ ਏ. ਇਸ ਯੋਜਨਾ ਨੇ ਪਹਿਲਾਂ ਹੀ ਦੇਸ਼ ਭਰ ਵਿੱਚ 15 ਲੱਖ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵਿੱਚ ਮਦਦ ਕੀਤੀ ਏ.

---------------------------------------------------

ਸਰਕਾਰ ਨੇ ਕਿਹਾ ਏ ਕਿ ਦੇਸ਼ ਵਿਚ ਸਾਰੇ ਤੇਲ ਸੋਧ ਕਾਰਖਾਨੇ ਪੂਰੀ ਸਮਰੱਥਾ ਨਾਲ ਕੰਮ ਕਰ ਰਹੇ ਨੇ ਅਤੇ ਕੱਚੇ ਤੇਲ ਦੇ ਢੁੱਕਵੇਂ ਭੰਡਾਰ ਨੇ, ਜਦੋਂ ਕਿ ਪੈਟਰੋਲ ਅਤੇ ਡੀਜ਼ਲ ਦੇ ਕਾਫ਼ੀ ਭੰਡਾਰ ਨੂੰ ਬਰਕਰਾਰ ਰੱਖਿਆ ਜਾ ਰਿਹਾ ਏ । ਪੱਛਮੀ ਏਸ਼ੀਆ ਵਿੱਚ ਹਾਲੀਆ ਗਤੀਵਿਧੀਆਂ

ਬਾਰੇ ਅੱਜ ਨਵੀਂ ਦਿੱਲੀ ਵਿੱਚ ਅੰਤਰ-ਮੰਤਰਾਲਾ ਬ੍ਰੀਫਿੰਗ ਨੂੰ ਸੰਬੋਧਨ ਕਰਦਿਆਂ, ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਵਿੱਚ ਜੋਇੰਟ ਸਕੱਤਰ, ਸੁਜਾਤਾ ਸ਼ਰਮਾ ਨੇ ਕਿਹਾ ਕਿ ਪਿਛਲੇ ਤਿੰਨ ਦਿਨਾਂ ਵਿੱਚ, 1.36 ਕਰੋੜ ਐਲਪੀਜੀ ਸਿਲੰਡਰ ਬੁਕਿੰਗ ਪ੍ਰਾਪਤ ਹੋਈ, ਜਦੋਂ ਕਿ 1.47 ਕਰੋੜ ਸਿਲੰਡਰ ਡਿਲੀਵਰ ਕੀਤੇ ਗਏ. ਵਧੇਰੇ ਜਾਣਕਾਰੀ ਦਿੰਦਿਆਂ ਓਹਨਾਂ ਕਿਹਾ -

byte

ਬੰਦਰਗਾਹਾਂ, ਜਹਾਜਰਾਨੀ ਅਤੇ ਜਲ ਮਾਰਗ ਮੰਤਰਾਲੇ ਵਿੱਚ Director ਓਪੇਸ਼ ਕੁਮਾਰ ਸ਼ਰਮਾ ਨੇ ਕਿਹਾ ਕਿ ਮਾਲਟਾ-ਝੰਡੇ ਵਾਲਾ 62 ਹਜ਼ਾਰ 370 ਮੀਟ੍ਰਿਕ ਟਨ ਐਲ ਐਨ ਜੀ ਲਿਆ ਰਿਹਾ ਜਹਾਜ਼, ਦਿਸ਼ਾ, ਦੇ ਕੱਲ੍ਹ ਸਵੇਰੇ ਗੁਜਰਾਤ ਦੇ ਦਹੇਜ ਬੰਦਰਗਾਹ 'ਤੇ ਪਹੁੰਚਣ ਦੀ ਉਮੀਦ ਏ । ਜਹਾਜ਼ ਨੇ ਸੋਮਵਾਰ ਨੂੰ ਹੋਰਮੁਜ਼ ਪਣਜੋੜ ਪਾਰ ਕੀਤਾ ਸੀ।

---------------------------------------------------------------

ਪੰਜਾਬ ਦੇ ਮਾਝਾ ਖੇਤਰ ਲਈ ਇੱਕ ਇਤਿਹਾਸਕ ਪ੍ਰਾਪਤੀ ਵਜੋਂ ਭਾਰਤ ਸਰਕਾਰ ਨੇ ਲੰਮੇ ਸਮੇਂ ਤੋਂ ਪਏ ਕਾਦੀਆਂ–ਬਿਆਸ ਨਵੀਂ ਰੇਲ ਲਾਈਨ ਪ੍ਰੋਜੈਕਟ ਨੂੰ ਮੁੜ ਜੀਵੰਤ ਕਰ ਦਿੱਤਾ ਏ । ਅੱਜ ਨਵੀਂ ਦਿੱਲੀ ਦੇ ਰੇਲ ਭਵਨ ਵਿਖੇ ਮੀਡੀਆ ਨੂੰ ਸੰਬੋਧਨ ਕਰਦਿਆਂ ਰੇਲਵੇ ਅਤੇ ਖੁਰਾਕ ਪ੍ਰੋਸੈਸਿੰਗ ਸਨਅਤ ਬਾਰੇ ਰਾਜ ਮੰਤਰੀ ਸ੍ਰੀ ਰਵਨੀਤ ਸਿੰਘ ਬਿੱਟੂ ਨੇ ਇਸ

ਮਹੱਤਵਪੂਰਨ ਪ੍ਰੋਜੈਕਟ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਰੇਲ ਮੰਤਰੀ ਸ੍ਰੀ ਅਸ਼ਵਿਨੀ ਵੈਸ਼ਣਵ ਜੀ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਰੇਲਵੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਖੇਤਰੀ ਵਿਕਾਸ ਨੂੰ ਗਤੀ ਦੇਣ ਲਈ ਕੇਂਦਰ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਏ। ਕਾਦੀਆਂ–ਬਿਆਸ ਰੇਲ ਲਿੰਕ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਸ੍ਰੀ ਰਵਨੀਤ ਸਿੰਘ ਬਿੱਟੂ ਨੇ ਦੱਸਿਆ ਕਿ ਤਜਵੀਜ਼ ਸ਼ੁਦਾ ਰੇਲ ਲਾਈਨ ਗੁਰਦਾਸਪੁਰ ਜ਼ਿਲ੍ਹੇ ਦੇ ਕਾਦੀਆਂ ਨੂੰ ਅੰਮ੍ਰਿਤਸਰ ਜ਼ਿਲ੍ਹੇ ਦੇ ਬਿਆਸ ਨਾਲ ਜੋੜੇਗੀ। ਕਰੀਬ 39.68 ਕਿਲੋਮੀਟਰ ਲੰਮੀ ਇਸ ਬ੍ਰਾਡ ਗੇਜ ਰੇਲ ਲਾਈਨ ਦੀ ਅਨੁਮਾਨਿਤ ਲਾਗਤ ਕਰੀਬ 1 ਹਜ਼ਾਰ 400 ਕਰੋੜ ਰੁਪਏ ਏ। ਇਸ ਪ੍ਰੋਜੈਕਟ ਨੂੰ ਉੱਤਰੀ ਰੇਲਵੇ ਵੱਲੋਂ ਲਾਗੂ ਕੀਤਾ ਜਾਵੇਗਾ। ਤਜਵੀਜ਼ਸ਼ੁਦਾ ਰੇਲ ਮਾਰਗ ਕਾਦੀਆਂ, ਧਪਾਈ, ਘੁਮਾਣ, ਬੁਟਾਲਾ, ਸਠਿਆਲਾ ਅਤੇ ਬਿਆਸ ਵਰਗੇ ਮਹੱਤਵਪੂਰਨ ਕਸਬਿਆਂ ਅਤੇ ਪਿੰਡਾਂ ਵਿੱਚੋਂ ਲੰਘੇਗਾ। ਇਸ ਨਾਲ ਮਾਝਾ ਖੇਤਰ ਦੇ ਕਈ ਇਲਾਕਿਆਂ ਨੂੰ ਪਹਿਲੀ ਵਾਰ ਸਿਧਾ ਰੇਲ ਸੰਪਰਕ ਪ੍ਰਾਪਤ ਹੋਏਗਾ ਅਤੇ ਸਥਾਨਕ ਲੋਕਾਂ ਦੀ ਆਵਾਜਾਈ ਵਿੱਚ ਮਹੱਤਵਪੂਰਨ ਸੁਧਾਰ ਆਵੇਗਾ। ਪ੍ਰੋਜੈਕਟ ਤਹਿਤ ਆਧੁਨਿਕ ਰੇਲਵੇ ਬੁਨਿਆਦੀ ਢਾਂਚਾ ਵਿਕਸਿਤ ਕੀਤਾ ਜਾਵੇਗਾ, ਜਿਸ ਵਿੱਚ ਘੁਮਾਣ ਅਤੇ ਬੁਟਾਲਾ ਵਿਖੇ ਦੋ ਕਰਾਸਿੰਗ ਸਟੇਸ਼ਨ, 11 ਵੱਡੇ ਪੁਲ, 121 ਛੋਟੇ ਪੁਲ, 54 ਰੋਡ ਅੰਡਰ ਬ੍ਰਿਜ (RUB), ਆਧੁਨਿਕ

ਸਿਗਨਲਿੰਗ ਅਤੇ ਦੂਰਸੰਚਾਰ ਪ੍ਰਣਾਲੀ ਅਤੇ ਭਾਰਤ ਦੀ ਸਵਦੇਸ਼ੀ ਟ੍ਰੇਨ ਟੱਕਰ-ਰੋਕੂ ਪ੍ਰਣਾਲੀ 'ਕਵਚ' ਸ਼ਾਮਲ ਏ। ਸ੍ਰੀ ਬਿੱਟੂ ਨੇ ਕਿਹਾ ਕਿ ਇਹ ਰੇਲ ਲਾਈਨ ਸਿਰਫ਼ ਖੇਤਰੀ ਸੰਪਰਕ ਨੂੰ ਹੀ ਮਜ਼ਬੂਤ ਨਹੀਂ ਕਰੇਗੀ, ਸਗੋਂ ਹੰਗਾਮੀ ਸਥਿਤੀਆਂ ਵਿੱਚ ਅੰਮ੍ਰਿਤਸਰ–ਪਠਾਨਕੋਟ ਰੇਲ ਸੈਕਸ਼ਨ ਦੇ ਬਦਲਵੇਂ ਰੂਟ ਵਜੋਂ ਵੀ ਕੰਮ ਕਰੇਗੀ, ਜਿਸ ਨਾਲ ਉੱਤਰੀ ਭਾਰਤ ਵਿੱਚ ਰੇਲਵੇ ਸੰਚਾਲਨ ਹੋਰ ਮਜ਼ਬੂਤ ਅਤੇ ਭਰੋਸੇਯੋਗ ਬਣੇਗਾ।

---------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਗੈਂਗਸਟਰਾਂ ਖ਼ਿਲਾਫ਼ ਮੁਹਿੰਮ ਤਹਿਤ ਇੱਕ ਵੱਡੀ ਕਾਮਯਾਬੀ ਹਾਸਲ ਕਰਦਿਆਂ ਅੰਤਰਰਾਸ਼ਟਰੀ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਏ। ਇਸ ਕਾਰਵਾਈ ਦੌਰਾਨ ਪੁਲਿਸ ਨੇ 8 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ 11 ਆਧੁਨਿਕ ਪਿਸਤੌਲ ਅਤੇ 8 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਨੇ. ਇਸ ਬਾਰੇ ਜਾਣਕਾਰੀ ਦਿੰਦਿਆ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਮੀਡੀਆ ਨੂੰ ਦੱਸਿਆ ਕਿ ਇਹ ਇੱਕ ਬਹੁਤ ਹੀ ਸੁਚੱਜਾ ਅਤੇ ਇੰਟੈਲੀਜੈਂਸ ਅਧਾਰਿਤ ਆਪਰੇਸ਼ਨ ਸੀ। ਉਨ੍ਹਾਂ ਕਿਹਾ ਕਿ ਬਰਾਮਦ ਕੀਤੇ ਗਏ ਹਥਿਆਰ ਬਦਨਾਮ ਗੈਂਗਸਟਰ ਕੌਪੀ ਬਰਾੜ ਦੇ ਨੈੱਟਵਰਕ ਨਾਲ ਜੁੜੀ ਇੱਕ ਵੱਡੀ ਖੇਪ ਦਾ ਹਿੱਸਾ ਸਨ, ਜੋ ਅੰਤਰਰਾਸ਼ਟਰੀ ਸਰਹੱਦ ਰਾਹੀਂ ਪੰਜਾਬ ਵਿੱਚ ਪਹੁੰਚਾਈ ਗਈ ਸੀ। ਉਨ੍ਹਾਂ ਕਿਹਾ ਕਿ ਸਮੇਂ

ਸਿਰ ਕੀਤੀ ਗਈ ਕਾਰਵਾਈ ਕਾਰਨ ਕਈ ਸੰਭਾਵਿਤ ਅਪਰਾਧਿਕ ਵਾਰਦਾਤਾਂ ਨੂੰ ਟਾਲਣ ਵਿੱਚ ਕਾਮਯਾਬੀ ਮਿਲੀ ਏ. ਵਧੇਰੇ ਜਾਣਕਾਰੀ ਦਿੰਦਿਆਂ ਓਹਨਾਂ ਦੱਸਿਆ –

byte

-----------------------------------------------------------

ਅੱਜ ਸ਼੍ਰੀ ਗੁਰੂ ਅਰਜਨ ਦੇਵ ਜੀ ਦਾ 420ਵਾਂ ਸ਼ਹੀਦੀ ਦਿਹਾੜਾ ਪੂਰੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ. ਦੁਨੀਆ ਭਰ ਦੇ ਗੁਰਦਵਾਰਿਆਂ ਖਾਸ ਕਰ ਕੇ ਪੰਜਾਬ ‘ਚ ਤਰਨਤਾਰਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਵਿਸ਼ੇਸ਼ ਸਮਾਗਮ ਕਰਵਾਏ ਜਾ ਰਹੇ ਨੇ. ਵੱਡੀ ਗਿਣਤੀ ‘ਚ ਸੰਗਤਾਂ ਗੁਰਦਵਾਰਿਆਂ ‘ਚ ਮਾਥਾ ਟੇਕ ਰਹੀਆਂ ਨੇ ਤੇ ਗੁਰੂ ਸਾਹਿਬ ਦੀ ਅਦੁੱਤੀ ਸ਼ਹਾਦਤ ਨੂੰ ਨਮਨ ਕਰ ਰਹੀਆਂ ਨੇ. ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਅੰਮ੍ਰਿਤਸਰ ਸਥਿਤ ਪੂਰੇ ਸਤਿਕਾਰ ਨਾਲ ਮਨਾਇਆ ਗਿਆ. ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਇਲਾਹੀ ਬਾਣੀ ਦਾ ਕੀਰਤਨ ਕੀਤਾ ਗਿਆ।  ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸੰਗਤਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਸਮੇਤ ਗੁਰਧਾਮਾਂ ਤੇ ਸ਼ਰਧਾ ਨਾਲ ਹਾਜ਼ਰੀ ਭਰੀ।

ਇਸੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਵਿਸ਼ੇਸ ਤੌਰ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਾਈਆਂ ਗਈਆਂ. ਭਾਰਤ ਦੀ ਮਿਨਾਕਸ਼ੀ ਹੁੱਡਾ, ਚੀਨ ਦੇ Guiyan ਵਿੱਚ, ਵਿਸ਼ਵ ਮੁੱਕੇਬਾਜ਼ੀ ਕੱਪ 2026 ਦੇ ਕੁਆਰਟਰ ਫਾਈਨਲ 'ਚ ਪਹੁੰਚ ਗਈ ਏ।

-----------------------------------------------------

FIH ਮਹਿਲਾ Nations ਕੱਪ ਹਾਕੀ ਵਿੱਚ, ਅੱਜ ਨਿਊਜ਼ੀਲੈਂਡ ਵਿੱਚ ਭਾਰਤ ਨੇ ਉਰੂਗਵੇ ਨੂੰ 3-2 ਨਾਲ ਹਰਾ ਦਿੱਤਾ ਏ। ਭਾਰਤ ਲਈ ਦੀਪਿਕਾ ਨੇ ਦੋ ਅਤੇ ਦੀਪਿਕਾ ਸੋਰੇਂਗ ਨੇ ਇੱਕ ਗੋਲ ਕੀਤਾ।

-----------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ ਵਿਕਸਿਤ ਭਾਰਤ ਰੁਜ਼ਗਾਰ ਯੋਜਨਾ (PM-VBRY) ਅਧੀਨ ਕਰੀਬ 2 ਹਜ਼ਾਰ 400 ਕਰੋੜ ਰੁਪਏ ਦੇ ਲਾਭ ਵੰਡਣਗੇ। ਪੰਜਾਬ ਵਿੱਚ, ਇਹ ਪ੍ਰੋਗਰਾਮ 6 ਥਾਵਾਂ 'ਤੇ ਕਰਾਇਆ ਜਾਵੇਗਾ ।

- ਕੇਂਦਰ ਸਰਕਾਰ ਵਲੋਂ ਇਤਿਹਾਸਕ ਕਾਦੀਆਂ–ਬਿਆਸ ਰੇਲ ਪ੍ਰੋਜੈਕਟ ਨੂੰ ਮੁੜ੍ਹ ਜੀਵੰਤ ਕੀਤਾ ਗਿਆ. ਕਰੀਬ 1 ਹਜ਼ਾਰ 400

ਕਰੋੜ ਰੁਪਏ ਨਾਲ 39.68 ਕਿਲੋਮੀਟਰ ਲੰਮੀ ਬ੍ਰਾਡ ਗੇਜ ਰੇਲ ਲਾਈਨ ਬਣਾਈ ਜਾਏਗੀ.

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਅੰਤਰਰਾਸ਼ਟਰੀ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ 8 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ.

- ਅੱਜ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦਾ 420ਵਾਂ ਸ਼ਹੀਦੀ ਦਿਹਾੜਾ ਪੂਰੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ.

- ਔਰਤਾਂ ਦੇ FIH Nations ਕੱਪ ਹਾਕੀ ਵਿੱਚ, ਭਾਰਤ ਨੇ ਉਰੂਗਵੇ ਨੂੰ 3-2 ਨਾਲ ਹਰਾਇਆ.

---------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ ਸ਼ਾਮੀ 7 ਵਜੇ ਨਮਸਕਾਰ** !